# ਦਫ਼ਤਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟਰੇਟ, ਫਰੀਦਕੋਟ

## (ਫੁਟਕਲ ਸ਼ਾਖਾ)

ਹੁਕਮ ਨੰ:339/ਫਸ ਸਾਇੰਸ ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਚੰਡੀਗੜ੍ਹ ਜੀ ਨੇ
ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਾਇੰਸ ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਚੰਡੀਗੜ੍ਹ ਜੀ ਨੇ ... ਰਾਂਹੀ ਲਿਖਿਆ ਹੈ ਕਿ
ਆਪਣੇ ਵਿਭਾਗ ਦੇ ਅਰਧ ਸਰਕਾਰੀ ਪੱਤਰ ਨੰ:PSSTE/2020/409 ਮਿਤੀ 09-04-2020 ਰਾਂਹੀ ਲਿਖਿਆ ਹੈ ਕਿ
ਆਪਣੇ ਵਿਭਾਗ ਦੇ ਅਰਧ ਸਰਕਾਰੀ ਪੱਤਰ ਨੰ:PSSTE/2020/409 ਮਿਤੀ 09-04-2020 ਰਾਂਹੀ ਲਿਖਿਆ ਹੈ ਕਿ ਵੇਖਣ ਵਿੱਚ ਆਇਆ ਹੈ ਕਿ
ਕਿਸਾਨਾਂ ਵੱਲੋਂ ਹਾੜੀ 2020 ਕਣਕ ਦੀ ਫਸਲ ਦੀ ਕਟਾਈ ਜਲਦੀ ਸ਼ੁਰੂ ਕੀਤੀ ਜਾਣੀ ਹੈ। ਵੇਖਣ ਵਿੱਚ ਆਇਆ ਹੈ ਕਿ
ਕਣਕ ਦੀ ਫਸਲ ਕੱਟਣ ਉਪਰੰਤ ਰਹਿੰਦ ਖੂੰਹਦ ਅਤੇ ਨਾੜ ਨੂੰ ਸਬੰਧਤ ਮਾਲਕਾਂ ਵੱਲੋਂ ਅੱਗ ਲਗਾ ਦਿੱਤੀ ਜਾਂਦੀ ਹੈ। ਜਿਸ
ਨਾਲ ਨੁਕਸਾਨ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ। ਜਿਸ ਨਾਲ ਸਾਹ
ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘਟਦੀ ਹੈ।
ਆਲੇ ਦੁਆਲੇ ਖੜੀ ਫਸਲ ਜਾਂ ਪਿੰਡ ਵਿੱਚ ਵੀ ਅੱਗ ਲੱਗਣ ਦਾ ਡਰ ਰਹਿੰਦਾ ਹੈ। ਜਿਸ ਨਾਲ ਕਈ ਵੱਡੇ ਹਾਦਸੇ ਵੀ ਵਾਪਰ
ਸਕਦੇ ਹਨ ਅਤੇ ਜਾਨੀ ਮਾਲੀ ਨੁਕਸਾਨ ਹੋਣ ਦਾ ਖਤਰਾ ਹੁੰਦਾ ਹੈ। ਸੜਕ ਦੁਆਲੇ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਨਾਲ
ਆਵਾਜਾਈ ਵਿੱਚ ਵਿਘਨ ਪੈਦਾਂ ਹੈ ਅਤੇ ਕਈ ਹਾਦਸੇ ਹੋ ਜਾਂਦੇ ਹਨ। ਜਿਸ ਨਾਲ ਕਿਸੇ ਸਮੇਂ ਅਮਨ ਅਤੇ ਕਾਨੂੰਨ ਦੀ
ਸਥਿਤੀ ਨੂੰ ਬਣਾਈ ਰੱਖਣਾ ਵੀ ਔਖਾ ਹੋ ਸਕਦਾ ਹੈ। ਜਿਸ ਨਾਲ ਭਾਵੇ ਨੁਕਸਾਨ ਕਿਸਾਨਾਂ ਨੂੰ ਹੁੰਦਾ ਹੈ ਪਰ ਇਸ ਦਾ ਅਸਿੱਧੇ
ਤੌਰ ਤੇ ਅਸਰ ਦੇਸ਼ ਦੇ ਉਤਪਾਦਨ ਤੇ ਪੈਦਾਂ ਹੈ। ਇਸ ਨੂੰ ਰੋਕਣਾ ਲੋਕ ਹਿੱਤ ਵਿੱਚ ਬਹੁਤ ਜਰੂਰੀ ਹੈ ਅਤੇ ਤੁਰੰਤ ਲੋੜੀਦੇ
ਕਦਮ ਚੁੱਕਣ ਦੀ ਅਤੀ ਲੋੜ ਜਾਪਦੀ ਹੈ। ਇਸ ਸਬੰਧ ਵਿੱਚ ਇਸ ਦਫਤਰ ਵੱਲੋ ਹੁਕਮ ਨੰ:322/ਫਸ ਮਿਤੀ 09-04-2020
ਜੋ ਪਿੰ:ਅੰ:ਨੰ:1958/ਫਸ-ਫਕ-2 ਮਿਤੀ 09-04-2020 ਰਾਂਹੀ ਜਾਰੀ ਕੀਤੇ ਗਏ।

2. ਸੀਨੀਅਰ ਪੁਲਿਸ ਕਪਤਾਨ, ਫਰੀਦਕੋਟ ਨੇ ਮੀਟਿੰਗ ਦੌਰਾਨ ਧਿਆਨ ਵਿੱਚ ਲਿਆਂਦਾ ਕਿ ਕਣਕ ਦੀ
ਕਟਾਈ ਤੋਂ ਬਾਅਦ ਤੂੜੀ ਬਨਾਉਣ ਲਈ ਕਿਸਾਨ/ਜਿਮੀਦਾਰ/ਸਬੰਧਤ ਮਾਲਕ ਆਪਣੇ ਸਾਧਣਾਂ ਦੀ ਵਰਤੋਂ ਕਰਦੇ ਹਨ। ਤੂੜੀ
ਦੌਰਾਨ ਅੱਗ ਲੱਗਣ ਦੀਆਂ ਘਟਨਾਵਾਂ ਕਾਰਨ ਨਾਲ ਖੜੀ ਕਣਕ ਨੂੰ ਨੁਕਸਾਨ ਹੋਣ ਦਾ ਖਦਸਾ ਬਣਿਆ ਰਹਿੰਦਾ ਹੈ। ਇਸ
ਲਈ ਤੂੜੀ ਬਨਾਉਣ ਦਾ ਸਮਾਂ, ਕਣਕ ਕਟਾਈ ਤੋਂ ਬਾਅਦ 10 ਦਿਨ ਬਾਅਦ ਹੋਣਾ ਚਾਹੀਦਾ ਹੈ। ਜਿਸ ਨਾਲ ਜਨਤਕ
ਨੁਕਸਾਨ ਘੱਟ ਸਕਦਾ ਹੈ।

3. ਇਸ ਲਈ **ਮੈਂ, ਕੁਮਾਰ ਸੌਰਭ ਰਾਜ, ਆਈ.ਏ.ਐਸ., ਜਿਲ੍ਹਾ ਮੈਜਿਸਟਰੇਟ, ਫਰੀਦਕੋਟ** ਫੌਜ਼ਦਾਰੀ
ਦੰਡ ਸੰਘਤਾ, 1973 ਦੀ ਧਾਰਾ 144 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲ੍ਹਾ ਫਰੀਦਕੋਟ ਅੰਦਰ ਕਣਕ ਦੀ
ਫਸਲ ਦੀ ਕਟਾਈ ਅੰਤਿਮ ਮੁਕੰਮਲ ਹੋਣ ਪਹਿਲਾ ਤੂੜੀ ਬਨਾਉਣ ਦੀ ਹਰ ਪ੍ਰਕ੍ਰਿਆ ਤੇ ਪਾਬੰਦੀ ਦਾ ਹੁਕਮ ਦਿੰਦਾ ਹਾਂ।

ਮੌਜੂਦਾ ਹਾਲਾਤ ਦੀ ਤੱਤਪਰਤਾ ਨੂੰ ਮੱਦੇ ਨਜ਼ਰ ਰੱਖਦਿਆ ਹੋਇਆ ਇਹ ਹੁਕਮ ਇੱਕ ਤਰਫਾ ਪਾਸ ਕੀਤਾ
ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਤ ਕੀਤਾ ਜਾ ਰਿਹਾ ਹੈ। ਇਹ ਹੁਕਮ ਮਿਤੀ **16-04-2020 ਤੋਂ 31-05-2020** ਤੱਕ
ਲਾਗੂ ਰਹਿਣਗੇ।

ਇਹ ਹੁਕਮ ਲੋਕ ਸੰਪਰਕ ਵਿਭਾਗ, ਫਰੀਦਕੋਟ ਦੀ ਪ੍ਰਚਾਰ-ਵੈਨ ਰਾਹੀਂ ਪ੍ਰਚਾਰ ਕਰਕੇ ਅਤੇ ਇਸ ਹੁਕਮ
ਦੀਆਂ ਕਾਪੀਆਂ ਜ਼ਿਲਾ ਫਰੀਦਕੋਟ ਦੇ ਜ਼ਿਲ੍ਹਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਉਪ-ਮੰਡਲ ਮੈਜਿਸਟਰੇਟਾਂ,
ਤਹਿਸੀਲਦਾਰਾਂ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਰਾਂਹੀ ਪਿੰਡਾਂ ਵਿੱਚ ਅਤੇ ਕਾਰਜ ਸਾਧਕ ਅਫਸਰ, ਨਗਰ ਕੌਂਸਲਾਂ
ਰਾਂਹੀ ਸ਼ਹਿਰਾ ਵਿੱਚ ਮਹੱਤਵਪੂਰਨ ਥਾਵਾਂ ਤੇ ਚਸਪਾ ਕਰਵਾ ਕੇ ਆਮ ਲੋਕਾਂ ਨੂੰ ਇਸ ਬਾਰੇ ਸੂਚਨਾ ਦਿੱਤੀ ਜਾਵੇ।

ਇਹ ਹੁਕਮ ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਨਾਲ ਅੱਜ ਮਿਤੀ **16-04-2020** ਨੂੰ ਜਾਰੀ
ਹੋਇਆ।

ਕੁਮਾਰ ਸੌਰਭ ਰਾਜ, ਆਈ.ਏ.ਐਸ.,
ਜ਼ਿਲ੍ਹਾ ਮੈਜਿਸਟਰੇਟ, ਫਰੀਦਕੋਟ

ਪਿੰਠ ਅੰ:ਨੰ: 2079 /ਫਸ-ਫਕ-2 ਮਿਤੀ 16-04-2020

ਉਪਰੋਕਤ ਦਾ ਉਤਾਰਾ ਹੇਠ ਲਿਖੇ ਅਫਸਰਾਂ ਪਾਸ ਜਾਣਕਾਰੀ ਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ :-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ, ਚੰਡੀਗੜ੍ਹ।
3. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਾਇੰਸ ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਚੰਡੀਗੜ੍ਹ।
4. ਕਮਿਸ਼ਨਰ, ਫਰੀਦਕੋਟ ਮੰਡਲ, ਫਰੀਦਕੋਟ।
5. ਸਮੂਹ ਜ਼ਿਲ੍ਹਾ ਮੈਜਿਸਟਰੇਟ, ਪੰਜਾਬ ਰਾਜ।
6. ਸੀਨੀਅਰ ਪੁਲਿਸ ਕਪਤਾਨ, ਫਰੀਦਕੋਟ।
7. ਜਿਲ੍ਹਾ ਖੁਰਾਕ ਤੇ ਸਪਲਾਈਜ਼ ਕੰਟਰੋਲਰ, ਫਰੀਦਕੋਟ।
8. ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ ਪਾਸ ਪ੍ਰਚਾਰ ਕਰਨ ਹਿੱਤ ਭੇਜਿਆ ਜਾਂਦਾ ਹੈ।
9. ਉਪ-ਮੰਡਲ ਮੈਜਿਸਟਰੇਟ,ਫਰੀਦਕੋਟ,ਕੋਟਕਪੂਰਾ,ਜੈਤੋ
10. ਮੁੱਖ ਖੇਤੀਬਾੜੀ ਅਫਸਰ, ਫਰੀਦਕੋਟ।
11. ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਫਰੀਦਕੋਟ।
12. ਵਾਤਾਵਰਣ ਇੰਜਨੀਅਰ, ਖੇਤਰੀ ਦਫਤਰ, ਫਰੀਦਕੋਟ।
13. ਤਹਿਸੀਲਦਾਰ, ਫਰੀਦਕੋਟ, ਕੋਟਕਪੂਰਾ,ਜੈਤੋ।
14. ਉਪ-ਪੁਲਿਸ ਕਪਤਾਨ, ਗੁਪਤ ਵਿਭਾਗ, ਫਰੀਦਕੋਟ।
15. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਫਰੀਦਕੋਟ ਅਤੇ ਕੋਟਕਪੂਰਾ।
16. ਕਾਰਜ ਸਾਧਕ ਅਫਸਰ, ਨਗਰ ਕੌਂਸਲ, ਫਰੀਦਕੋਟ, ਕੋਟਕਪੂਰਾ ਅਤੇ ਜੈਤੋ।
17. ਪੀ.ਏ.ਟੂ ਜ਼ਿਲ੍ਹਾ ਮੈਜਿਸਟਰੇਟ ਪਾਸ ਮਾਨਯੋਗ ਜ਼ਿਲ੍ਹਾ ਮੈਜਿਸਟਰੇਟ ਜੀ ਜਾਣਕਾਰੀ ਹਿੱਤ।

(9–16) ਪਾਸ ਭੇਜਕੇ ਲਿਖਿਆ ਜਾਂਦਾ ਹੈ ਕਿ ਸਮੇਂ ਸਮੇਂ ਤੇ ਚੈਕਿੰਗ ਕਰਨ ਉਪਰੰਤ ਕੀਤੀ ਗਈ ਕਾਰਵਾਈ ਬਾਰੇ ਰੋਜ਼ਾਨਾ ਰਿਪੋਰਟ ਇਸ ਦਫ਼ਤਰ ਨੂੰ ਭੇਜੀ ਜਾਇਆ ਕਰੇ।

ਜ਼ਿਲ੍ਹਾ ਮੈਜਿਸਟਰੇਟ,
ਫਰੀਦਕੋਟ।

Scanned with CamScanner